ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫ਼ਿਰੋਜ਼ਪੁਰ

ਪ੍ਰੈਸ ਨੋਟ 1

ਜ਼ਿਲ੍ਹਾ ਪ੍ਰੀਸ਼ਦ ਵੱਲੋਂ ਕਰਫ਼ਿਊ ਦੌਰਾਨ ਡਿਊਟੀ ਦੇ ਰਹੇ ਪੁਲਿਸ ਮੁਲਾਜ਼ਮਾਂ ਨੂੰ ਕੀਤਾ ਗਿਆ ਸਨਮਾਨਿਤ

ਕੋਰੋਨਾ ਵਾਇਰਸ ਨਾਲ ਨਜਿੱਠਣ ਲਈ ਪੁਲਿਸ ਮੁਲਾਜ਼ਮਾਂ ਦਾ ਅਹਿਮ ਯੋਗਦਾਨ

ਫ਼ਿਰੋਜ਼ਪੁਰ 21 ਅਪ੍ਰੈਲ 2020 ( ) ਜਿੱਥੇ ਪੂਰਾ ਸੰਸਾਰ ਕੋਰੋਨਾ ਵਾਇਰਸ ਨਾਲ ਲੜ ਰਿਹਾ ਹੈ, ਉੱਥੇ ਪੁਲਿਸ ਵਿਭਾਗ ਵੱਲੋਂ ਕੋਰੋਨਾ ਵਾਇਰਸ ਨੂੰ ਰੋਕਣ ਲਈ ਆਪਣੀ ਜਾਨ ਵੀ ਪ੍ਰਵਾਹ ਨਾ ਕੀਤੇ ਬਿਨਾਂ ਦਿਨ ਰਾਤ ਇੱਕ ਕਰਕੇ ਲੋਕਾਂ ਦੀ ਸੁਰੱਖਿਆ ਲਈ ਕੰਮ ਕੀਤਾ ਜਾ ਰਿਹਾ ਹੈ।

ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲਗਾਏ ਗਏ ਕਰਫ਼ਿਊ ਵਿਚ ਪੁਲਿਸ ਮੁਲਾਜ਼ਮਾਂ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ, ਇਸ ਦੇ ਚੱਲਦਿਆਂ ਜ਼ਿਲ੍ਹਾ ਪ੍ਰੀਸ਼ਦ ਵੱਲੋਂ ਪੁਲਿਸ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ ਗਿਆ। ਜਦੋਂ ਤੋ ਕੋਰੋਨਾ ਵਾਇਰਸ ਦਾ ਪ੍ਰਕੋਪ ਚੱਲ ਰਿਹਾ ਹੈ ਪੁਲਿਸ ਮੁਲਾਜ਼ਮਾਂ ਵੱਲੋਂ ਸ਼ਹਿਰ ਵਾਸੀਆਂ ਦੀ ਸੁਰੱਖਿਆ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਪ੍ਰੀਸ਼ਦ ਦੇ ਅਧਿਕਾਰੀਆਂ ਨੇ ਕਿਹਾ ਕਿ ਜਿੱਥੇ ਪੁਲਿਸ ਮੁਲਾਜ਼ਮਾਂ ਵੱਲੋਂ ਘਰਾਂ ਤੋਂ ਬਾਹਰ ਰਹਿ ਕੇ ਸਾਡੀ ਸੁਰੱਖਿਆ ਲਈ ਕੰਮ ਕੀਤਾ ਜਾ ਰਿਹਾ ਹੈ ਉੱਥੇ ਸਾਡਾ ਵੀ ਫ਼ਰਜ਼ ਬਣਦਾ ਹੈ ਕਿ ਅਸੀਂ ਵੀ ਆਪਣਾ ਪੂਰਾ ਸਹਿਯੋਗ ਦੇਈਏ ਤੇ ਕਰਫ਼ਿਊ ਦੌਰਾਨ ਘਰਾਂ ਵਿਚ ਬਣੇ ਰਹੀਏ ਤੇ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰੀਏ, ਕਿਉਂਕਿ ਸਾਰਿਆਂ ਦੇ ਸਹਿਯੋਗ ਨਾਲ ਹੀ ਕੋਰੋਨਾ ਖਿਲਾਫ ਜੰਗ ਨੂੰ ਜਿੱਤਿਆ ਜਾ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ
ਪ੍ਰੈਸ ਨੋਟ 2

ਕਰੋਨਾ ਵਾਇਰਸ ਵਰਗੀ ਬਿਮਾਰੀ ਤੋਂ ਬਚਾਅ ਲਈ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਕੀਤੇ ਗਏ ਹਨ ਪੁਖ਼ਤਾ ਪ੍ਰਬੰਧ
ਮੰਡੀਆਂ ਵਿੱਚ ਕਿਸਾਨਾਂ ਨੂੰ ਪੀਣ ਵਾਲੇ ਪਾਣੀ, ਲੇਬਰ ਤੇ ਬਾਰਦਾਨੇ ਦੀ ਕੋਈ ਵੀ ਘਾਟ ਨਹੀਂ ਤੇ ਕਿਸਾਨਾਂ ਦੇ ਟਰੈਕਟਰ/ਟਰਾਲੀਆਂ ਨੂੰ ਐਂਟਰੀ ਗੇਟ ਤੇ ਕੀਤਾ ਜਾਂਦਾ ਹੈ ਸੈਨੇਟਾਈਜ਼
ਕਿਸਾਨ ਪਾਸ ਪ੍ਰਾਪਤ ਕਰਨ ਉਪਰੰਤ ਆਪਣੀ ਫ਼ਸਲ ਪੂਰੀ ਤਰ੍ਹਾਂ ਪਕਾ ਕੇ ਮੰਡੀ ਵਿੱਚ ਲਿਆਉਣ -ਡਿਪਟੀ ਕਮਿਸ਼ਨਰ
ਫਿਰੋਜ਼ਪੁਰ 21 ਅਪ੍ਰੈਲ 2020 ( )
ਕੋਵਿਡ-19 ਮਹਾਂਮਾਰੀ ਦੀ ਰੋਕਥਾਮ ਲਈ ਲਗਾਏ ਗਏ ਕਰਫਿਊ ਦੇ ਚੱਲਦਿਆਂ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਅਤੇ ਮਹਾਂਮਾਰੀ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਜਾਰੀ ਕੀਤੇ ਜਾਂਦੇ ਪਾਸਾਂ ਰਾਹੀਂ ਜ਼ਿਲ੍ਹੇ ਦੇ ਖਰੀਦ ਕੇਂਦਰਾਂ ਵਿਚ ਕਣਕ ਦੀ ਆਮਦ, ਖਰੀਦ ਅਤੇ ਲਿਫ਼ਟਿੰਗ ਲਗਾਤਾਰ ਜਾਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਿਸਾਨ ਅਮਰਜੀਤ ਸਿੰਘ ਪਿੰਡ ਕਾਸੂ ਬੇਗੂ ਵਾਲੇ ਨੇ ਫਿਰੋਜ਼ਪੁਰ ਛਾਉਣੀ ਮੰਡੀ ਵਿਚ ਆਪਣੀ ਕਣਕ ਦੀ ਫਸਲ ਵੇਚਣ ਮੌਕੇ ਕੀਤਾ। ਕਿਸਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਇਸ ਕਰੋਨਾ ਵਾਇਰਸ ਵਰਗੀ ਬਿਮਾਰੀ ਤੋਂ ਬਚਾਅ ਲਈ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਵਿੱਚ ਕਿਸਾਨਾਂ ਨੂੰ ਪੀਣ ਵਾਲੇ ਪਾਣੀ, ਲੇਬਰ ਤੇ ਬਾਰਦਾਨੇ ਦੀ ਕੋਈ ਵੀ ਘਾਟ ਨਹੀਂ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿਚ ਲਗਾਈਆਂ ਪਾਣੀ ਦੀਆਂ ਟੂਟੀਆਂ ਨੂੰ ਪੈਰ ਨਾਲ ਦਬਾਉਣ 'ਤੇ ਪਾਣੀ ਨਿਕਲਣ ਲੱਗ ਪੈਂਦਾ ਹੈ ਤੇ ਨਲ ਨੂੰ ਹੱਥ ਲਗਾਉਣ ਦੀ ਜ਼ਰੂਰਤ ਨਹੀਂ ਪੈਂਦੀ।ਉਨ੍ਹਾਂ ਦੱਸਿਆ ਕਿ ਜਿਹੜਾ ਵੀ ਕਿਸਾਨ ਮੰਡੀ ਵਿੱਚ ਆਪਣੀ ਕਣਕ ਦੀ ਫ਼ਸਲ ਲੈ ਕੇ ਆਉਂਦਾ ਹੀ ਪਹਿਲਾ ਮੇਨ ਗੇਟ ਤੇ ਉਸ ਦੇ ਟਰੈਕਟਰ ਟਰਾਲੀ ਨੂੰ ਸੈਨੇਟਾਈਜ਼ ਕੀਤਾ ਜਾਂਦਾ ਹੈ ਤੇ ਉਸ ਦੇ ਹੱਥ ਵੀ ਸੈਨੇਟਾਈਜ਼ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਮੰਡੀ ਵਿਚ ਸੋਸ਼ਲ ਡਿਸਟੈਂਸਿੰਗ ਦਾ ਪੂਰਾ ਧਿਆਨ ਰੱਖਿਆ ਜਾ ਰਿਹਾ ਹੈ ਤੇ ਪ੍ਰਸ਼ਾਸਨਿਕ ਅਧਿਕਾਰੀ ਵੀ ਲੋਕਾਂ ਨੂੰ ਸੋਸ਼ਲ ਡਿਸਟੈਂਸ ਬਣਾ ਕੇ ਰੱਖਣ ਤੇ ਮੂੰਹ ਨੂੰ ਮਾਸਕ ਜਾਂ ਰੁਮਾਲ ਨਾਲ ਢੱਕਣ ਲਈ ਜਾਗਰੂਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਵਾਅਦੇ ਕੀਤੇ ਗਏ ਸਨ ਉਸ ਨੂੰ ਪੂਰੇ ਕਰਦੇ ਹੋਏ ਕਿਸਾਨਾਂ ਦੀ ਕਣਕ ਦੀ ਫ਼ਸਲ ਦਾ ਦਾਣਾ-ਦਾਣਾ ਮੰਡੀਆਂ ਵਿਚੋਂ ਚੁੱਕਿਆ ਜਾ ਰਿਹਾ ਹੈ ਤੇ ਅਸੀਂ ਸਾਰੇ ਕਿਸਾਨ ਬਹੁਤ ਖ਼ੁਸ਼ ਹਾਂ ਕਿ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਵੀ ਸਰਕਾਰ ਵੱਲੋਂ ਸਾਡੇ ਕਿਸਾਨਾਂ ਲਈ ਇੰਨੇ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ 20 ਅਪ੍ਰੈਲ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 98,264 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਤੇ 85,700 ਮੀਟ੍ਰਿਕ ਟਨ ਦੀ ਖ਼ਰੀਦ ਹੋਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 26,416 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 26,476 ਪਨਸਪ ਵੱਲੋਂ 17,207, ਪੰਜਾਬ ਵੇਅਰਹਾਊਸ ਵੱਲੋਂ 13,948 ਐਫਸੀਆਈ ਵੱਲੋਂ 1633 ਅਤੇ ਵਪਾਰੀਆਂ ਵੱਲੋਂ 20 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਕਣਕ ਦੀ ਫ਼ਸਲ ਪੂਰੀ ਤਰਾਂ ਪਕਾ ਕੇ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਕਿਸਾਨਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਿਰੋਜ਼ਪੁਰ

ਪ੍ਰੈਸ ਨੋਟ 3

ਜ਼ਿਲ੍ਹਾ ਫਿਰੋਜ਼ਪੁਰ ਨੂੰ 100 ਰੇਪਿਡ ਟੈਸਟਿੰਗ ਕਿੱਟਾਂ ਮਿਲੀਆਂ- ਡਿਪਟੀ ਕਮਿਸ਼ਨਰ

ਰੇਪਿਡ ਟੈਸਟਿੰਗ ਕਿੱਟਾਂ ਮਿਲਣ ਨਾਲ ਰੋਜਾਨਾ ਟੈਸਟਿੰਗ ਦੀ ਗਿਣਤੀ ਵੱਧੇਗੀ ਅਤੇ ਕਾਰਵਾਈ ਵਿਚ ਵੀ ਹੋਵਗੀ ਤੇਜੀ - ਸਿਵਲ ਸਰਜਨ

ਰੈਪਿਡ ਟੈਸਟ ਕਿੱਟਾਂ ਦਾ ਫਲੂ ਕਾਰਨਰ ਸਕਰੀਨਿੰਗ ਲਈ ਹੋਵੇਗਾ ਵੱਡਾ ਫਾਇਦਾ

ਫਿਰੋਜ਼ਪੁਰ 21 ਅਪ੍ਰੈਲ ( )

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਨੂੰ ਕਰੋਨਾ ਵਾਈਰਸ ਦੇ ਟੈਸਟ ਸਬੰਧੀ 100 ਰੇਪਿਡ ਟੈਸਟਿੰਗ ਕਿੱਟਾਂ ਪ੍ਰਾਪਤ ਹੋਈਆਂ ਹਨ ਜਿਨ੍ਹਾਂ ਦੀ ਸਹਾਇਤਾ ਨਾਲ ਘੱਟ ਸਮੇ ਵਿੱਚ ਹੀ ਕਿਸੇ ਵੀ ਮਰੀਜ ਦੇ ਕਰੋਨਾ ਇਨਫੈਕਸ਼ਨ (ਸੰਕਰਮਣ) ਬਾਰੇ ਪਤਾ ਲਗਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਸਹੂਲਤਾਂ ਤਹਿਤ ਇਹ ਟੈਸਟ ਸ਼ੁਰੂ ਵਿਚ ਫਲੂ ਕਾਰਨਰਾਂ 'ਤੇ ਸੱਤ ਦਿਨਾਂ ਤੋਂ ਵੱਧ ਲੱਛਣਾਂ ਵਾਲੇ ਸਾਰੇ ਮਰੀਜ਼ਾਂ 'ਤੇ ਕੀਤਾ ਜਾਏਗਾ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਇਸ ਟੈਸਟ ਰਾਹੀਂ ਸਿਰਫ਼ ਇਕੋ ਛੇਕ ਕਰਕੇ ਟੈਸਟ ਲਈ ਖੂਨ ਦੇ ਨਮੂਨੇ ਲਏ ਜਾਂਦੇ ਹਨ ਅਤੇ 15 ਮਿੰਟਾਂ ਵਿਚ ਨਤੀਜਾ ਉਪਲਬਧ ਹੁੰਦਾ ਹੈ। ਟੈੱਸਟ ਕਰਨ ਤੋਂ ਬਾਅਦ ਜੇਕਰ ਨਤੀਜਾ ਪੋਸਟਿਵ ਆਉਂਦਾ ਹੈ ਤਾਂ ਉਸ ਦਾ ਪੀਸੀਆਰ (ਪੁਰਾਨਾ ਟੈਸਟ) ਕੀਤਾ ਜਾਵੇਗਾ ਅਤੇ ਜੇਕਰ ਨਤੀਜਾ ਨੈਗੇਟਿਵ ਆਉਂਦਾ ਹੈ ਤਾਂ ਮਰੀਜ ਨੂੰ ਹੋਮ ਆਈਸੋਲੇਸ਼ਨ ਲਈ ਭੇਜਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸਰਕਾਰ ਵੱਲੋਂ ਰੋਜਾਨਾ ਜਿਆਦਾ ਤੋਂ ਜਿਆਦਾ ਲੋਕਾਂ ਦੀ ਟੈਸਟਿੰਗ ਕਰਨ ਲਈ ਪੂਲਿੰਗ ਆਫ ਸੈਂਪਲ ਕਰਨ ਦੀਆਂ ਹਦਾਇਤਾਂ ਜਾਰੀ ਹੋਇਆਂ ਹਨ, ਜਿਸ ਤਹਿਤ 5-5 ਵਿਅਕਤੀਆਂ ਦਾ ਇੱਕ ਪੂਲ ਬਣਾਕੇ ਇੱਕਠਾ ਟੈੱਸਟ ਕੀਤਾ ਜਾਵੇਗਾ ਅਤੇ ਜੇਕਰ 5 ਵਿਅਕਤੀਆਂ ਵਿਚੋਂ ਕਿਸੇ ਇੱਕ ਦਾ ਪੋਜ਼ਿਟਿਵ ਟੈਂਸਟ ਆਉਂਦਾ ਹੈ ਤਾਂ ਫਿਰ ਸਾਰੇ 5 ਵਿਅਕਤੀਆਂ ਦਾ ਵੱਖਰਾ ਵੱਖਰਾ ਟੈੱਸਟ ਲਿਆ ਜਾਵੇਗਾ ਅਤੇ ਐਕਸ਼ਨ ਪਲਾਨ ਤਹਿਤ ਅਗਲੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਰੈਪਿਡ ਟੈਸਟ ਕਿੱਟਾਂ ਮਿਲਣ ਨਾਲ ਪਹਿਲਾਂ ਜੋ ਨਤੀਜਿਆਂ ਅਤੇ ਉਸ ਸਬੰਧੀ ਕਾਰਵਾਈ ਵਿਚ ਦੇਰੀ ਹੁੰਦੀ ਸੀ ਉਹ ਕੰਮ ਸੋਖਾ ਤੇ ਜਲਦੀ ਹੋ ਜਾਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 4

ਕੈਬਨਿਟ ਮੰਤਰੀ ਰਾਣਾ ਸੋਢੀ ਨੇ ਜੇਰੇ ਇਲਾਜ ਕੋਰੋਨਾ ਮਰੀਜ਼ ਨਾਲ ਵੀਡੀਓ ਕਾਨਫ਼ਰੰਸ ਰਾਹੀਂ ਕੀਤੀ ਗੱਲਬਾਤ, ਜਲਦੀ ਸਿਹਤਮੰਦ ਹੋਣ ਦੀ ਕੀਤੀ ਦੁਆ, ਪੂਰੇ ਸਹਿਯੋਗ ਦਾ ਵਿਸ਼ਵਾਸ ਦਿਵਾਇਆ
ਹਸਪਤਾਲ ਵਿਚ ਦਾਖਲ ਮਰੀਜ਼ ਨੇ ਆਪਣੇ ਇਲਾਜ ਅਤੇ ਰੋਜ਼ਾਨਾ ਸਰੀਰਕ ਇੰਪਰੂਵਮੈਂਟ ਦੀ ਜਾਣਕਾਰੀ ਕੈਬਨਿਟ ਮੰਤਰੀ ਨੂੰ ਦਿੱਤੀ

ਫਿਰੋਜ਼ਪੁਰ 21 ਅਪ੍ਰੈਲ 2020 ( )
ਕੈਬਨਿਟ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਮੰਗਲਵਾਰ ਨੂੰ ਫਿਰੋਜ਼ਪੁਰ ਸਿਵਲ ਹਸਪਤਾਲ ਵਿਚ ਜੇਰੇ ਇਲਾਜ ਕੋਰੋਨਾ ਪਾਜ਼ੀਟਿਵ ਪੰਜਾਬ ਪੁਲਿਸ ਦੇ ਜਵਾਨ ਨਾਲ ਵੀਡੀਓ ਕਾਲ ਦੇ ਰਾਹੀਂ ਗੱਲਬਾਤ ਕੀਤੀ ਅਤੇ ਉਸ ਦਾ ਹਾਲਚਾਲ ਪੁੱਛਿਆ। ਉਨ੍ਹਾਂ ਮਰੀਜ਼ ਦੇ ਹੋ ਰਹੇ ਇਲਾਜ, ਉਸ ਨੂੰ ਸਿਵਲ ਹਸਪਤਾਲ ਵਿਚ ਡਾਕਟਰੀ ਮਦਦ ਅਤੇ ਉਸ ਦੀ ਰੋਜ਼ਾਨਾ ਸਰੀਰ ਵਿੱਚ ਹੋ ਰਹੀ ਇੰਪਰੂਵਮੈਂਟ ਬਾਰੇ ਜਾਣਕਾਰੀ ਹਾਸਲ ਕਿਤੀ। ਰਾਣਾ ਸੋਢੀ ਨੇ ਮਰੀਜ਼ ਨੂੰ ਦੱਸਿਆ ਕਿ ਉਸ ਨੂੰ ਕਿਸੇ ਵੀ ਤਰ੍ਹਾਂ ਨਾਲ ਘਬਰਾਉਣ ਦੀ ਲੋੜ ਨਹੀਂ ਹੈ ਅਤੇ ਉਹ ਪੂਰੀ ਤਰ੍ਹਾਂ ਉਸਦੇ ਨਾਲ ਹਨ। ਕੈਬਨਿਟ ਮੰਤਰੀ ਨੇ ਮਰੀਜ਼ ਨੂੰ ਆਖਿਆ ਕਿ ਉਸਦੇ ਸੰਪਰਕ ਵਿਚ ਆਉਣ ਵਾਲੇ ਸਾਰੇ 34 ਲੋਕਾਂ ਦੇ ਕੋਰੋਨਾ ਰਿਪੋਰਟਾਂ ਦੇ ਟੈੱਸਟ ਨੈਗੇਟਿਵ ਆਏ ਹਨ, ਜਿਸ ਨਾਲ ਹੁਣ ਸਾਰੇ ਸੁਰੱਖਿਅਤ ਹਨ। ਕੈਬਨਿਟ ਮੰਤਰੀ ਨਾਲ ਗੱਲਬਾਤ ਕਰਦਿਆਂ ਮਰੀਜ਼ ਨੇ ਦਸਿਆ ਕਿ ਉਸ ਨੂੰ ਸਿਵਲ ਹਸਪਤਾਲ ਵਿੱਚ ਵਧੀਆ ਇਲਾਜ ਮਿਲ ਰਿਹਾ ਹੈ ਅਤੇ ਡਾਕਟਰਾਂ ਵੱਲੋਂ ਉਸ ਦੀ ਸਿਹਤ ਦੀ ਰੋਜ਼ਾਨਾ ਪੜਤਾਲ ਕੀਤੀ ਜਾ ਰਹੀ ਹੈ। ਉਸ ਨੂੰ 3 ਟਾਈਮ ਦਾ ਪੌਸ਼ਟਿਕ ਖਾਣਾ ਮਿਲ ਰਿਹਾ ਹੈ ਤੇ ਕਿਹਾ ਕਿ ਉਹ ਰੋਜ਼ਾਨਾ ਕਸਰਤ ਕਰ ਰਿਹਾ ਹੈ ਤੇ ਵੀਡੀਓ ਕਾਲ ਦਰਮਿਆਨ ਕਸਰਤ ਵੀ ਕਰਕੇ ਵਿਖਾਈ। ਰਾਣਾ ਗੁਰਮੀਤ ਸੋਢੀ ਨੇ ਕਿਹਾ ਕਿ ਉਹ ਪੰਜਾਬ ਪੁਲਿਸ ਦੇ ਜਵਾਨ ਪਰਮਜੋਤ ਸਿੰਘ ਦੀ ਜਲਦੀ ਸਿਹਤਮੰਦ ਹੋਣ ਦੀ ਅਰਦਾਸ ਕਰਦੇ ਹਨ ਅਤੇ ਉਹ ਕਿਸੀ ਵੀ ਤਰ੍ਹਾਂ ਦੀ ਮਦਦ ਲਈ ਉਨ੍ਹਾਂ ਨੂੰ ਬੇਝਿਜਕ ਫ਼ੋਨ ਕਰ ਸਕਦੇ ਹਨ। ਉਨ੍ਹਾਂ ਸਿਵਲ ਹਸਪਤਾਲ ਦੇ ਡਾਕਟਰਾਂ ਨਾਲ ਗੱਲਬਾਤ ਕਰਦਿਆਂ ਮਰੀਜ਼ ਨੂੰ ਵਧੀਆ ਇਲਾਜ ਉਪਲਬਧ ਕਰਵਾਉਣ ਲਈ ਕਿਹਾ ਤਾਂ ਜੋ ਉਸ ਦੀ ਸਿਹਤ ਜਲਦੀ ਠੀਕ ਹੋ ਸਕੇ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਦੇ ਲੋਕਾਂ ਲਈ ਇਹ ਰਾਹਤ ਵਾਲੀ ਗੱਲ ਹੈ ਕਿ ਪਾਜ਼ੀਟਿਵ ਮਰੀਜ਼ ਦੇ ਸੰਪਰਕ ਵਿੱਚ ਆਉਣ ਵਾਲੇ ਸਾਰੇ ਲੋਕਾਂ ਦੇ ਟੈੱਸਟ ਦੀ ਰਿਪੋਰਟ ਨੈਗੇਟਿਵ ਆਈ ਹੈ, ਜਿਸ ਨਾਲ ਕਮਿਊਨਿਟੀ ਟਰਾਂਸਮਿਸ਼ਨ ਦਾ ਖ਼ਤਰਾ ਟਲ ਗਿਆ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ
ਪ੍ਰੈਸ ਨੋਟ 5

ਐਸਬੀਆਈ ਬੈਂਕ ਨੇ ਕੋਰੋਨਾ ਖਿਲਾਫ ਜੰਗ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤਾ ਸਹਿਯੋਗ, 400 ਮਾਸਕ ਅਤੇ 100 ਸੈਨੇਟਾਈਜ਼ਰ ਡਿਪਟੀ ਕਮਿਸ਼ਨਰ ਨੂੰ ਸੌਂਪੇ

ਫਿਰੋਜ਼ਪੁਰ 21 ਅਪ੍ਰੈਲ ( ) ਕੋਰੋਨਾ ਖਿਲਾਫ ਜੰਗ ਵਿਚ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਵਜੋਂ ਐਸਬੀਆਈ ਬੈਂਕ ਦੇ ਰੀਜਨਲ ਮੈਨੇਜਰ ਰਾਕੇਸ਼ ਜਿੰਦਲ ਅਤੇ ਅਧਿਕਾਰੀ ਰੋਹਿਤ ਧਵਨ ਨੇ ਡਿਪਟੀ ਕਮਿਸ਼ਨਰ ਸ੍ਰ; ਕੁਲਵੰਤ ਸਿੰਘ ਨੂੰ 400 ਮਾਸਕ ਅਤੇ 100 ਸੈਨੇਟਾਈਜ਼ਰ ਦਿੱਤੇ। ਡਿਪਟੀ ਕਮਿਸ਼ਨਰ ਨੇ ਐਸਬੀਆਈ ਬੈਂਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਸਕ ਅਤੇ ਸੈਨੇਟਾਈਜ਼ਰ ਕੋਰੋਨਾ ਦੀ ਰੋਕਥਾਮ ਵਿਚ ਜੁਟੇ ਮੁਲਾਜ਼ਮਾਂ ਜਾਂ ਹੋਰ ਵਿਅਕਤੀਆਂ ਨੂੰ ਦਿੱਤੇ ਜਾਣਗੇ।
ਡਿਪਟੀ ਕਮਿਸ਼ਨਰ ਨੇ ਕਿਹਾ ਕੋਰੋਨਾ ਖਿਲਾਫ ਜੰਗ ਨੂੰ ਜਿੱਤਣ ਲਈ ਸਾਰਿਆਂ ਦਾ ਸਹਿਯੋਗ ਜ਼ਰੂਰੀ ਹੈ। ਇਸ ਜੰਗ ਵਿਚ ਪਹਿਲਾਂ ਤੋਂ ਹੀ ਕਈ ਸਮਾਜਸੇਵੀ ਸੰਸਥਾਵਾਂ ਵੱਲੋਂ ਲੋੜਵੰਦਾਂ ਨੂੰ ਖਾਣਾ, ਰਾਸ਼ਨ, ਮਾਸਕ ਜਾਂ ਹੋਰ ਜ਼ਰੂਰੀ ਵਸਤੂਆਂ ਵੰਡੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਐਸਬੀਆਈ ਵੱਲੋਂ ਵੀ ਆਪਣੇ ਸਹਿਯੋਗ ਵਜੋਂ ਪ੍ਰਸ਼ਾਸਨ ਨੂੰ ਮਾਸਕ ਅਤੇ ਸੈਨੇਟਾਈਜ਼ਰ ਦਿੱਤੇ ਗਏ ਹਨ।
ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਮ ਲੋਕ ਵੀ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਕੇ ਅਤੇ ਆਪਣੇ ਘਰਾਂ ਵਿਚ ਰਹਿ ਕੇ ਕੋਰੋਨਾ ਖਿਲਾਫ ਇਸ ਜੰਗ ਵਿੱਚ ਆਪਣਾ ਸਹਿਯੋਗ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਇਸ ਸੰਕਟ ਦੀ ਘੜੀ ਵਿਚ ਦਿਨ ਰਾਤ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ ਇਸ ਲਈ ਲੋਕ ਵੀ ਆਪਣਾ ਫ਼ਰਜ਼ ਸਮਝਣ ਤੇ ਸਮੇਂ ਸਮੇਂ ਤੇ ਜਾਰੀ ਨਿਯਮਾਂ ਅਤੇ ਸਾਵਧਾਨੀਆਂ ਦੀ ਪਾਲਨਾ ਕਰਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ 6

ਕਣਕ ਦੇ ਨਾੜ ਦੀ ਅੱਗ ਬੁਝਾਉਣ ਦੇ ਲਈ ਖ਼ੁਦ ਖੇਤਾਂ ਵਿੱਚ ਉਤਰੇ ਐੱਸਡੀਐੱਮ, ਸਟਾਫ ਦੇ ਨਾਲ ਮਿਲ ਕੇ ਅੱਗ ਤੇ ਪਾਇਆ ਕਾਬੂ

ਜ਼ੀਰਾ ਨੈਸ਼ਨਲ ਹਾਈਵੇ ਤੋਂ ਗੁਜ਼ਰ ਰਹੇ ਐਸਡੀਐੱਮ ਰਣਜੀਤ ਸਿੰਘ ਨੇ ਖੇਤਾਂ ਵਿੱਚ ਲੱਗੀ ਅੱਗ ਦੇਖ ਕੇ ਖ਼ੁਦ ਅੱਗ ਬੁਝਾਉਣ ਉੱਤਰੇ

ਫਿਰੋਜ਼ਪੁਰ 21 ਅਪ੍ਰੈਲ 2020 ( )

ਕਸਬਾ ਜ਼ੀਰਾ ਵਿੱਚ ਮੰਗਲਵਾਰ ਨੂੰ ਐੱਸਡੀਐੱਮ ਜ਼ੀਰਾ ਸ੍ਰ. ਰਣਜੀਤ ਸਿੰਘ ਅਤੇ ਉਸ ਦੀ ਟੀਮ ਦੀ ਬਦੌਲਤ ਇੱਕ ਵੱਡਾ ਹਾਦਸਾ ਹੋਣ ਤੋਂ ਬਚ ਗਿਆ। ਨੈਸ਼ਨਲ ਹਾਈਵੇ ਦੇ ਨਜ਼ਦੀਕ ਖੇਤਾਂ ਵਿੱਚ ਕਣਕ ਦੇ ਨਾੜ ਨੂੰ ਲੱਗੀ ਹੋਈ ਅੱਗ ਨੂੰ ਦੇਖ ਕੇ ਐੱਸਡੀਐੱਮ ਜ਼ੀਰਾ ਖ਼ੁਦ ਅੱਗ ਬੁਝਾਉਣ ਖੇਤਾਂ ਵਿੱਚ ਉੱਤਰ ਗਏ। ਉਨ੍ਹਾਂ ਨੂੰ ਦੇਖ ਕੇ ਉਨ੍ਹਾਂ ਦੇ ਗੰਨਮੈਨ, ਡਰਾਈਵਰ ਅਤੇ ਸਟਾਫ਼ ਤੇ ਹੋਰ ਵੀ ਅੱਗ ਬੁਝਾਉਣ ਲੱਗੇ। ਕੁੱਝ ਹੀ ਮਿੰਟਾਂ ਦੀ ਮਿਹਨਤ ਦੇ ਬਾਅਦ ਅੱਗ ਤੇ ਕਾਬੂ ਪਾ ਲਿਆ ਗਿਆ। ਜਿੱਥੇ ਅੱਗ ਲੱਗੀ ਹੋਈ ਸੀ, ਉਸ ਦੇ ਨਾਲ ਹੀ ਕਣਕ ਦੀ ਹਜ਼ਾਰਾ ਏਕੜ ਫ਼ਸਲ ਖੜੀ ਹੋਈ ਸੀ, ਜਿੱਥੇ ਅੱਗ ਪਹੁੰਚਣ ਤੋਂ ਬਾਅਦ ਕਾਫੀ ਨੁਕਸਾਨ ਹੋ ਸਕਦਾ ਸੀ।

ਵਿਸਥਾਰ ਸਹਿਤ ਜਾਣਕਾਰੀ ਦਿੰਦੇ ਹੋਏ ਐੱਸਡੀਐੱਮ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਆਪਣੀ ਟੀਮ ਨਾਲ ਨੈਸ਼ਨਲ ਹਾਈਵੇ ਤੋਂ ਲੰਘ ਰਹੇ ਸਨ ਉਨ੍ਹਾਂ ਨੇ ਦੇਖਿਆ ਕਿ ਖੇਤ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗੀ ਹੋਈ ਸੀ ਤੇ ਅੱਗ ਬੁਝਾਉਣ ਦੇ ਲਈ ਸਿਰਫ਼ 2 ਹੀ ਲੋਕ ਸਨ ਜੋ ਕਿ ਅੱਗ ਤੇ ਕਾਬੂ ਨਹੀਂ ਪਾ ਸਕਦੇ ਸਨ। ਇਸ ਮੌਕੇ ਨੂੰ ਦੇਖਦਿਆਂ ਉਹ ਖ਼ੁਦ ਗੱਡੀ ਤੋਂ ਉੱਤਰ ਕੇ ਖੇਤ ਵਿੱਚ ਪਹੁੰਚੇ ਤੇ ਲੋਕਾਂ ਦੀ ਅੱਗ ਬੁਝਾਉਣ ਵਿੱਚ ਮਦਦ ਕਰਨ ਲੱਗੇ। ਉਨ੍ਹਾਂ ਦੀ ਸਾਰੀ ਟੀਮ ਵੀ ਇਸ ਕੰਮ ਵਿੱਚ ਜੁੱਟ ਗਈ। ਦਰਖਤਾਂ ਦੀਆਂ ਟਾਹਣੀਆਂ ਨਾਲ ਅੱਗ ਬੁਝਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਅਤੇ 10 ਮਿੰਟ ਬਾਅਦ ਹੀ ਅੱਗ ਬੁਝਾ ਦਿੱਤੀ ਗਈ। ਐੱਸਡੀਐੱਮ ਜ਼ੀਰਾ ਨੇ ਦੱਸਿਆ ਕਿ ਇਹ ਅੱਗ ਬਿਜਲੀ ਦੀਆਂ ਤਾਰਾਂ ਦੇ ਸਪਾਰਕਿੰਗ ਹੋਣ ਨਾਲ ਲੱਗੀ ਸੀ ਜਿਸਨੂੰ ਸਮੇਂ ਰਹਿੰਦੇ ਹੀ ਬੁਝਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜਿੱਥੇ ਅੱਗ ਲੱਗੀ ਸੀ ਉੱਥੇ ਨਜ਼ਦੀਕ ਹੀ ਕਣਕ ਦੀ ਫਸਲ ਖੜ੍ਹੀ ਸੀ ਜਿੱਥੇ ਅੱਗ ਪਹੁੰਚਣ ਨਾਲ ਕਾਫੀ ਨੁਕਸਾਨ ਹੋ ਸਕਦਾ ਸੀ।